2023P91627


ਦਫਤਰ ਚੋਣਕਾਰ ਰਜਿਸਟਰੇਸ਼ਨ ਅਫਸਰ
091 ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.)-ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ 11817
ਕਮਰਾ ਨੰ:242-ਬੀ, ਪਹਿਲੀ ਮੰਜ਼ਲ, ਮਿੰਨੀ ਸਕੱਤਰੇਤ, ਬਠਿੰਡਾ।
email:-ero-91@punjab.gov.in


ਜ਼ਿੰਮੇਵਾਰ ਬਣੋ, ਵੋਟਰ ਬਣੋ | ਜ਼ਿੰਮੇਵਾਰ ਬਣੋ, ਵੋਟਰ ਬਣੋ

ਪੱਤਰ ਨੰ:ਚੋਣਾਂ-2023/ 2067 | ਮਿਤੀ: 01-08-2023.

---

ਵੱਲ,

ਜਿਲ੍ਹਾ ਸਿੱਖਿਆ ਅਫਸਰ (ਸੈਕੰਡਰੀ)
ਬਠਿੰਡਾ।

ਵਿਸ਼ਾ:- Special Summary Revision of Photo Electoral Rolls w.r.t. 01.01.2024 as the qualifying date programme-reg.

ਹਵਾਲਾ:- ਇਸ ਦਫਤਰ ਦਾ ਪੱਤਰ ਨੰ: 2053 ਮਿਤੀ 21.07.2023 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਜਿਲ੍ਹਾ ਚੋਣ ਅਫ਼ਸਰ, ਬਠਿੰਡਾ ਜੀ ਦੇ ਪੱਤਰ ਨੰ: ਚੋਣ-2023/812-17 ਮਿਤੀ 23.06.2023 ਅਧੀਨ ਪੱਤਰ ਰਾਂਹੀ ਮਾਨਯੋਗ ਮੁੱਖ ਚੋਣ ਅਫਸਰ ਪੰਜਾਬ ਜੀ ਪਾਸੋਂ ਪ੍ਰਾਪਤ ਹਦਾਇਤਾਂ ਅਨੁਸਾਰ ਆਪ ਨੂੰ ਲਿਖਿਆ ਗਿਆ ਸੀ ਕਿ ਮਿਤੀ 21.07.2023 ਤੋਂ 21.08.2023 ਤੱਕ ਬੀ.ਐਲ.ਓਜ਼ ਵੱਲੋ ਘਰ-ਘਰ ਜਾ ਕੇ ਸਰਵੇ ਕੀਤਾ ਜਾਣਾ ਹੈ ਅਤੇ ਫ਼ਾਰਮ ਨੰ 6,6ਏ,6ਬੀ,7ਅਤੇ8 ਭਰੇ ਜਾਣੇ ਹਨ। ਇਸ ਕੰਮ ਨੂੰ ਮਿੱਥੇ ਸਮੇਂ ਵਿੱਚ ਹਰ ਹਾਲ ਵਿੱਚ ਪੂਰਾ ਕੀਤਾ ਜਾਣ ਲਈ ਹਦਾਇਤਾਂ ਜਾਰੀ ਹੋਈਆਂ ਹਨ। ਇਸ ਲਈ ਬੀ.ਐਲ.ਓਜ ਵੱਲੋਂ ਘਰ-ਘਰ ਜਾ ਕੇ ਸਰਵੇ ਦੇ ਕੰਮ ਨੂੰ ਮੁੱਖ ਰੱਖਦਿਆਂ ਇਸ ਮਿੱਥੇ ਸਮੇਂ ਦੋਰਾਨ ਸਮੂਹ ਦਫਤਰੀ/ਸਕੂਲ ਦੇ ਨਾਨ ਟੀਚਿੰਗ/ਟੀਚਿੰਗ ਸਟਾਫ਼, ਜਿਨ੍ਹਾਂ ਦੀ ਬਤੌਰ ਬੀ.ਐਲ.ਓ ਡਿਊਟੀ 091-ਭੁੱਚੋ ਮੰਡੀ ਵਿਧਾਨ ਸਭਾ ਹਲਕਾ (ਅ.ਜ.) ਵਿੱਚ ਲੱਗੀ ਹੋਈ ਹੈ। ਉਨ੍ਹਾਂ ਨੂੰ ਸ਼ਡਿਊਲ ਅਨੁਸਾਰ ਦਿਨ ਬੁੱਧਵਾਰ ਅਤੇ ਸ਼ੁੱਕਰਵਾਰ ਨੂੰ (21.07.2023 ਤੋਂ 21.08.2023 ਹੁਣ 30.08.2023 ਤੱਕ) ਚੋਣ ਡਿਊਟੀ ਲਈ ਦਫ਼ਤਰੀ/ਸਕੂਲ ਦੀ ਡਿਊਟੀ ਤੋਂ ਫ਼ਾਰਗ ਕੀਤਾ ਜਾਵੇ। ਜੇਕਰ ਕਿਸੇ ਸਕੂਲ ਵਿੱਚ ਇੱਕ ਜਾਂ ਇੱਕ ਤੋਂ ਵੱਧ ਅਧਿਆਪਕਾਂ ਦੀ ਡਿਊਟੀ ਬਤੌਰ ਬੀ.ਐਲ.ਓ ਲੱਗੀ ਹੈ ਅਤੇ ਉਹ ਆਪਣਾ ਰੋਸਟਰ ਬਣਾ ਲੈਣ ਤਾਂ ਜੋ ਸਕੂਲ ਨੂੰ ਖਾਲੀ ਨਾ ਛੱਡਿਆ ਜਾਵੇ। ਜੇਕਰ ਕਿਸੇ ਸਕੂਲ ਵਿੱਚ ਇੱਕ ਹੀ ਅਧਿਆਪਕ ਹੈ ਤੇ ਉਹ ਬੀ.ਐਲ.ਓ ਲੱਗਿਆ ਹੋਇਆ ਹੈ ਤਾਂ ਜਿਲ੍ਹਾ ਸਿੱਖਿਆ ਅਫ਼ਸਰ (ਸੈਕੰ/ ਐਲੀ.) ਸਬੰਧਤ ਬੀ.ਪੀ.ਈ.ਓਜ਼ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਉਸ ਸਕੂਲ ਵਿੱਚ ਅਧਿਆਪਕ ਦਾ ਪ੍ਰਬੰਧ ਕਰਨ ਦੇ ਜ਼ਿੰਮੇਵਾਰ ਹੋਣਗੇ ਤਾਂ ਜੋ ਡੋਰ ਟੂ ਡੋਰ ਸਰਵੇ ਦੇ ਕੰਮ ਨੂੰ ਨਿਰਵਿਘਨ ਮਿੱਥੇ ਸਮੇ ਵਿੱਚ ਮੁਕੰਮਲ ਕੀਤਾ ਜਾ ਸਕੇ। ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਹੀ
ਚੋਣਕਾਰ ਰਜਿਸਟਰੇਸ਼ਨ ਅਫਸਰ
091-ਭੁੱਚੋ ਮੰਡੀ(ਅ.ਜ)ਵਿਧਾਨ ਸਭਾ ਹਲਕਾ
ਕਮ-ਸਕੱਤਰ ਰਿਜਨਲ ਟਰਾਂਸਪੋਰਟ ਅਥਾਰਟੀ,
ਬਠਿੰਡਾ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

**ਪਿਠ ਅੰਕਣ ਨੰ : ਜੀ-4/1 ( ) 2023 / 4087 ਮਿਤੀ : 03/08/2023**

**ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਸਸਸਸ /ਸਹਸ/ਸਮਿਸ , 091 ਭੁੱਚੋ ਮੰਡੀ ਵਿਧਾਨ ਸਭਾ ਹਲਕਾ(ਅ.ਜ) ,ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਜਿਨ੍ਹਾਂ ਕਰਮਚਾਰੀਆਂ ਦੀ ਡਿਊਟੀ ਬੀ.ਐਲ.ਓਜ ਵਜੋ ਲੱਗੀ ਹੈ , ਉਹ ਆਪਣਾ ਬੀ.ਐਲ.ਓਜ ਡਿਊਟੀ ਦਾ ਕੰਮ ਉਕਤ ਅਨੁਸਾਰ ਹਫਤੇ ਵਿਚ ਦੋ ਦਿਨ ਕਰਨਗੇ। ਸਬੰਧਤ ਬੀ.ਐਲ.ਓਜ ਅੱਧੀ ਛੁੱਟੀ ਤੋਂ ਪਹਿਲਾ ਦੇ ਸਾਰੇ ਪੀਰੀਅਡ ਲਗਾਉਣ ਤੋਂ ਬਾਅਦ ਵੋਟਾ ਦੀ ਸੁਧਾਈ/ਵੈਰੀਫਿਕੇਸ਼ਨ ਦਾ ਕੰਮ ਕਰਨਗੇ।**

03/08/23
**ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)**
**ਬਠਿੰਡਾ ।**